**ਭੈਰਉ ਮਹਲਾ ੩ ॥ ਗੁਰ ਸੇਵਾ ਤੇ ਅੰਮ੍ਰਿਤ ਫਲੁ ਪਾਇਆ ਹਉਮੈ ਤ੍ਰਿਸਨ ਬੁਝਾਈ ॥ ਹਰਿ ਕਾ ਨਾਮੁ ਹ੍ਰਿਦੈ ਮਨਿ ਵਸਿਆ ਮਨਸਾ ਮਨਹਿ ਸਮਾਈ ॥ ੧॥ ਹਰਿ ਜੀਉ ਕ੍ਰਿਪਾ ਕਰਹੁ ਮੇਰੇ ਪਿਆਰੇ ॥ ਅਨਦਿਨੁ ਹਰਿ ਗੁਣ ਦੀਨ ਜਨੁ ਮਾਂਗੈ ਗੁਰ ਕੈ ਸਬਦਿ ਉਧਾਰੇ ॥੧॥ ਰਹਾਉ ॥ ਸੰਤ ਜਨਾ ਕਉ ਜਮੁ ਜੋਹਿ ਨ ਸਾਕੈ ਰਤੀ ਅੰਚ ਦੂਖ ਨ ਲਾਈ ॥ ਆਪਿ ਤਰਹਿ ਸਗਲੇ ਕੁਲ ਤਾਰਹਿ ਜੋ ਤੇਰੀ ਸਰਣਾਈ ॥੨॥ ਭਗਤਾ ਕੀ ਪੈਜ ਰਖਹਿ ਤੂ ਆਪੇ ਏਹ ਤੇਰੀ ਵਡਿਆਈ ॥ ਜਨਮ ਜਨਮ ਕੇ ਕਿਲਵਿਖ ਦੁਖ ਕਾਟਹਿ ਦੁਬਿਧਾ ਰਤੀ ਨ ਰਾਈ ॥੩॥ ਹਮ ਮੂੜ ਮੁਗਧ ਕਿਛੁ ਬੂਝਹਿ ਨਾਹੀ ਤੂ ਆਪੇ ਦੇਹਿ ਬੁਝਾਈ ॥ ਜੋ ਤੁਧੁ ਭਾਵੈ ਸੋਈ ਕਰਸੀ ਅਵਰੁ ਨ ਕਰਣਾ ਜਾਈ ॥੪॥** {ਪੰਨਾ 1155}

ਪਦਅਰਥ:- ਤੇ—ਤੋਂ। ਗੁਰ ਸੇਵਾ ਤੇ—ਗੁਰੂ ਦੀ ਸੇਵਾ ਤੋਂ, ਗੁਰੂ ਦੀ ਸਰਨ ਪੈਣ ਨਾਲ। ਅੰਮ੍ਰਿਤ ਫਲੁ—ਆਤਮਕ ਜੀਵਨ ਦੇਣ ਵਾਲਾ ਨਾਮ-ਫਲ। ਤ੍ਰਿਸਨ—ਤ੍ਰਿਸ਼ਨਾ, ਮਾਇਆ ਦਾ ਲਾਲਚ। ਹ੍ਰਿਦੈ—ਹਿਰਦੇ ਵਿਚ। ਮਨਿ—ਮਨ ਵਿਚ। ਮਨਸਾ—ਮਨ ਦਾ ਫੁਰਨਾ {mnl—w}। ਮਨਹਿ—ਮਨਿ ਹੀ, ਮਨ ਵਿਚ ਹੀ। ਸਮਾਈ—ਲੀਨ ਹੋ ਜਾਂਦੀ ਹੈ।1।

ਹਰਿ—ਹੇ ਹਰੀ! ਅਨਦਿਨੁ—ਹਰ ਰੋਜ਼, ਹਰ ਵੇਲੇ। ਦੀਨ ਜਨੁ—ਗਰੀਬ ਸੇਵਕ। ਮਾਂਗੈ—ਮੰਗਦਾ ਹੈ {ਇਕ-ਵਚਨ}। ਕੈ ਸਬਦਿ—ਦੇ ਸ਼ਬਦ ਦੀ ਰਾਹੀਂ। ਉਧਾਰੇ—ਉਧਾਰਿ, (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ।1। ਰਹਾਉ।

ਕਉ—ਨੂੰ। ਜੋਹਿ ਨ ਸਾਕੈ—ਤੱਕ ਨਹੀਂ ਸਕਦਾ। ਰਤੀ—ਰਤਾ ਭਰ ਭੀ। ਅੰਚ—ਸੇਕ। ਨ ਲਾਈ—ਨਹੀਂ ਲਾਂਦਾ। ਤਰਹਿ—ਤਰ ਜਾਂਦੇ ਹਨ {ਬਹੁ-ਵਚਨ}। ਸਗਲੇ—ਸਾਰੇ।2।

ਪੈਜ—ਲਾਜ, ਇੱਜ਼ਤ। ਆਪੇ—ਆਪ ਹੀ। ਵਡਿਆਈ—ਵਡ-ਦਿਲੀ। ਕਿਲਵਿਖ—ਪਾਪ। ਕਾਟਹਿ—ਤੂੰ ਕੱਟ ਦੇਂਦਾ ਹੈਂ। ਦੁਬਿਧਾ—ਮੇਰ-ਤੇਰ, ਦੁ-ਕਿਸਮਾ-ਪਨ। ਰਾਈ—ਰਤਾ ਭੀ।3।

ਹਮ—ਅਸੀਂ ਜੀਵ। ਮੁਗਧ—ਮੂਰਖ। ਬੂਝਹਿ—(ਅਸੀ) ਸਮਝਦੇ। ਦੇਹਿ—ਤੂੰ ਦੇਂਦਾ ਹੈਂ। ਬੁਝਾਈ—ਆਤਮਕ ਜੀਵਨ ਦੀ) ਸਮਝ। ਜੋ—ਜੋ ਕੰਮ। ਤੁਧੁ ਭਾਵੈ—ਤੈਨੂੰ ਚੰਗਾ ਲੱਗਦਾ ਹੈ। ਕਰਸੀ—(ਹਰੇਕ ਜੀਵ) ਕਰੇਗਾ। ਅਵਰੁ—ਹੋਰ ਕੰਮ।4।

ਅਰਥ:- ਹੇ ਮੇਰੇ ਪਿਆਰੇ ਪ੍ਰਭੂ ਜੀ! (ਮੈਂ ਗਰੀਬ ਉਤੇ) ਮਿਹਰ ਕਰ। (ਤੇਰੇ ਦਰ ਦਾ) ਗਰੀਬ ਸੇਵਕ (ਤੈਥੋਂ) ਹਰ ਵੇਲੇ ਤੇਰੇ ਗੁਣ (ਗਾਣ ਦੀ ਦਾਤਿ) ਮੰਗਦਾ ਹੈ। ਹੇ ਪ੍ਰਭੂ! ਮੈਨੂੰ ਗੁਰੂ ਦੇ ਸ਼ਬਦ ਦੀ ਰਾਹੀਂ (ਵਿਕਾਰਾਂ ਤੋਂ) ਬਚਾਈ ਰੱਖ।1। ਰਹਾਉ।

ਹੇ ਭਾਈ! ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਫਲ ਪ੍ਰਾਪਤ ਕਰ ਲਿਆ, ਉਸ ਨੇ (ਆਪਣੇ ਅੰਦਰੋਂ) ਹਉਮੈ ਅਤੇ ਤ੍ਰਿਸ਼ਨਾ (ਦੀ ਅੱਗ) ਬੁਝਾ ਲਈ। ਪਰਮਾਤਮਾ ਦਾ ਨਾਮ ਉਸ ਦੇ ਹਿਰਦੇ ਵਿਚ ਉਸ ਦੇ ਮਨ ਵਿਚ ਵੱਸ ਪਿਆ, ਉਸ ਦੇ ਮਨ ਦਾ (ਮਾਇਕ) ਫੁਰਨਾ ਮਨ ਵਿਚ ਹੀ ਲੀਨ ਹੋ ਗਿਆ।1।

ਹੇ ਭਾਈ! ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦਿਆਂ ਵਲ ਜਮਰਾਜ (ਭੀ) ਤੱਕ ਨਹੀਂ ਸਕਦਾ, (ਦੁਨੀਆ ਦੇ) ਦੁੱਖਾਂ ਦਾ ਰਤਾ ਭਰ ਭੀ ਸੇਕ (ਉਹਨਾਂ ਨੂੰ) ਲਾ ਨਹੀਂ ਸਕਦਾ। ਹੇ ਪ੍ਰਭੂ! ਜਿਹੜੇ ਮਨੁੱਖ ਤੇਰੀ ਸਰਨ ਆ ਪੈਂਦੇ ਹਨ, ਉਹ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ, ਆਪਣੀਆਂ ਸਾਰੀਆਂ ਕੁਲਾਂ ਨੂੰ ਭੀ ਪਾਰ ਲੰਘਾ ਲੈਂਦੇ ਹਨ।2।

ਹੇ ਪ੍ਰਭੂ! ਆਪਣੇ ਭਗਤਾਂ ਦੀ (ਲੋਕ ਪਰਲੋਕ ਵਿਚ) ਇੱਜ਼ਤ ਤੂੰ ਆਪ ਹੀ ਰੱਖਦਾ ਹੈਂ, ਇਹ ਤੇਰੀ ਬਜ਼ੁਰਗੀ ਹੈ। ਤੂੰ ਉਹਨਾਂ ਦੇ (ਪਿਛਲੇ) ਅਨੇਕਾਂ ਹੀ ਜਨਮਾਂ ਦੇ ਪਾਪ ਤੇ ਦੁੱਖ ਕੱਟ ਦੇਂਦਾ ਹੈਂ, ਉਹਨਾਂ ਦੇ ਅੰਦਰ ਰਤਾ ਭਰ ਰਾਈ ਭਰ

ਭੀ ਮੇਰ-ਤੇਰ ਨਹੀਂ ਰਹਿ ਜਾਂਦੀ।3।

ਹੇ ਭਾਈ! ਅਸੀਂ (ਜੀਵ) ਮੂਰਖ ਹਾਂ ਅੰਞਾਣ ਹਾਂ, ਅਸੀਂ (ਆਤਮਕ ਜੀਵਨ ਦਾ ਸਹੀ ਰਸਤਾ) (ਰਤਾ ਭੀ) ਨਹੀਂ ਸਮਝਦੇ, ਤੂੰ ਆਪ ਹੀ (ਸਾਨੂੰ ਇਹ) ਸਮਝ ਦੇਂਦਾ ਹੈਂ। ਹੇ ਪ੍ਰਭੂ! ਜਿਹੜਾ ਕੰਮ ਤੈਨੂੰ ਚੰਗਾ ਲੱਗਦਾ ਹੈ, ਉਹੀ (ਹਰੇਕ ਜੀਵ) ਕਰਦਾ ਹੈ, (ਉਸ ਤੋਂ ਉਲਟ) ਹੋਰ ਕੋਈ ਕੰਮ ਨਹੀਂ ਕੀਤਾ ਜਾ ਸਕਦਾ।4।

**ਜਗਤੁ ਉਪਾਇ ਤੁਧੁ ਧੰਧੈ ਲਾਇਆ ਭੂੰਡੀ ਕਾਰ ਕਮਾਈ ॥ ਜਨਮੁ ਪਦਾਰਥੁ ਜੂਐ ਹਾਰਿਆ ਸਬਦੈ ਸੁਰਤਿ ਨ ਪਾਈ ॥ ੫॥ ਮਨਮੁਖਿ ਮਰਹਿ ਤਿਨ ਕਿਛੂ ਨ ਸੂਝੈ ਦੁਰਮਤਿ ਅਗਿਆਨ ਅੰਧਾਰਾ ॥ ਭਵਜਲੁ ਪਾਰਿ ਨ ਪਾਵਹਿ ਕਬ ਹੀ ਡੂਬਿ ਮੁਏ ਬਿਨੁ ਗੁਰ ਸਿਰਿ ਭਾਰਾ ॥੬॥ ਸਾਚੈ ਸਬਦਿ ਰਤੇ ਜਨ ਸਾਚੇ ਹਰਿ ਪ੍ਰਭਿ ਆਪਿ ਮਿਲਾਏ ॥ ਗੁਰ ਕੀ ਬਾਣੀ ਸਬਦਿ ਪਛਾਤੀ ਸਾਚਿ ਰਹੇ ਲਿਵ ਲਾਏ ॥੭॥ ਤੂੰ ਆਪਿ ਨਿਰਮਲੁ ਤੇਰੇ ਜਨ ਹੈ ਨਿਰਮਲ ਗੁਰ ਕੈ ਸਬਦਿ ਵੀਚਾਰੇ ॥ ਨਾਨਕੁ ਤਿਨ ਕੈ ਸਦ ਬਲਿਹਾਰੈ ਰਾਮ ਨਾਮੁ ਉਰਿ ਧਾਰੇ ॥੮॥੨॥੩॥** {ਪੰਨਾ 1155}

ਪਦਅਰਥ:- ਉਪਾਇ—ਪੈਦਾ ਕਰ ਕੇ। ਧੰਧੈ—(ਦੁਨੀਆ ਦੇ) ਧੰਧੇ ਵਿਚ। ਭੂੰਡੀ—ਭੈੜੀ। ਜੂਐ—ਜੂਏ ਵਿਚ। ਸਬਦੈ—ਸ਼ਬਦ ਦੀ ਰਾਹੀਂ। ਸੁਰਤਿ—ਆਤਮਕ ਜੀਵਨ ਦੀ ਸੂਝ।5।

ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ। ਮਰਹਿ—ਮਰ ਜਾਂਦੇ ਹਨ, ਆਤਮਕ ਮੌਤ ਸਹੇੜ ਲੈਂਦੇ ਹਨ। ਅਗਿਆਨ—ਆਤਮਕ ਜੀਵਨ ਵਲੋਂ ਬੇ-ਸਮਝੀ। ਅੰਧੇਰਾ—ਹਨੇਰਾ। ਭਵਜਲੁ—ਸੰਸਾਰ-ਸਮੁੰਦਰ। ਡੂਬਿ ਮੁਏ—(ਵਿਕਾਰਾਂ ਵਿਚ) ਡੁੱਬ ਕੇ ਆਤਮਕ ਮੌਤ ਸਹੇੜ ਲੈਂਦੇ ਹਨ। ਸਿਰਿ ਭਾਰਾ—ਸਿਰ-ਪਰਨੇ।6।

ਸਾਚੈ ਸਬਦਿ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਵਿਚ। ਰਤੇ—ਰੱਤੇ, ਰੰਗੇ ਹੋਏ। ਪ੍ਰਭਿ—ਪ੍ਰਭੂ ਨੇ। ਬਾਣੀ—ਆਤਮ ਤਰੰਗ, ਵਲਵਲਾ। ਸਬਦਿ—ਸ਼ਬਦ ਦੀ ਰਾਹੀਂ। ਪਛਾਤੀ—ਸਾਂਝ ਪਾ ਲਈ। ਸਾਚਿ—ਸਦਾ-ਥਿਰ ਪ੍ਰਭੂ ਵਿਚ। ਰਹੇ ਲਾਏ—ਲਾਇ ਰਹੇ, ਲਾਈ ਰੱਖਦੇ ਹਨ।7।

ਨਿਰਮਲੁ—ਪਵਿੱਤਰ {'ਨਿਰਮਲੁ' ਇਕ-ਵਚਨ; 'ਨਿਰਮਲ' ਬਹੁ-ਵਚਨ}। ਹੈ—ਹੈਂ, ਹਨ। ਵੀਚਾਰੇ—ਵਿਚਾਰਿ, ਗੁਣਾਂ ਦੀ ਵਿਚਾਰ ਕਰ ਕੇ। ਸਦ—ਸਦਾ। ਬਲਿਹਾਰੈ—ਸਦਕੇ। ਉਰਿ—ਹਿਰਦੇ ਵਿਚ।8।

ਅਰਥ:- ਹੇ ਪ੍ਰਭੂ! (ਤੂੰ ਆਪ ਹੀ) ਜਗਤ ਨੂੰ ਪੈਦਾ ਕਰ ਕੇ (ਤੂੰ ਆਪ ਹੀ ਇਸ ਨੂੰ ਮਾਇਆ ਦੇ) ਧੰਧੇ ਵਿਚ ਲਾ ਰੱਖਿਆ ਹੈ, (ਤੇਰੀ ਪ੍ਰੇਰਨਾ ਨਾਲ ਹੀ ਜਗਤ ਮਾਇਆ ਦੇ ਮੋਹ ਦੀ) ਭੈੜੀ ਕਾਰ ਕਰ ਰਿਹਾ ਹੈ। (ਮਾਇਆ ਦੇ ਮੋਹ ਵਿਚ ਫਸ ਕੇ ਜਗਤ ਨੇ) ਕੀਮਤੀ ਮਨੁੱਖਾ ਜਨਮ ਨੂੰ (ਜੁਆਰੀਏ ਵਾਂਗ) ਜੂਏ ਵਿਚ ਹਾਰ ਦਿੱਤਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ (ਜਗਤ ਨੇ) ਆਮਤਕ ਜੀਵਨ ਦੀ ਸੂਝ ਹਾਸਲ ਨਹੀਂ ਕੀਤੀ।5।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਆਤਮਕ ਮੌਤ ਸਹੇੜ ਲੈਂਦੇ ਹਨ, ਉਹਨਾਂ ਨੂੰ ਆਤਮਕ ਜੀਵਨ ਦੀ ਰਤਾ ਭੀ ਸਮਝ ਨਹੀਂ ਪੈਂਦੀ। ਭੈੜੀ ਮਤਿ ਦਾ, ਆਤਮਕ ਜੀਵਨ ਵਲੋਂ ਬੇ-ਸਮਝੀ ਦਾ (ਉਹਨਾਂ ਦੇ ਅੰਦਰ) ਹਨੇਰਾ ਪਿਆ ਰਹਿੰਦਾ ਹੈ। ਉਹ ਮਨੁੱਖ ਗੁਰੂ ਦੀ ਸਰਨ ਪੈਣ ਤੋਂ ਬਿਨਾ ਵਿਕਾਰਾਂ ਵਿਚ ਸਿਰ-ਪਰਨੇ ਡੁੱਬ ਕੇ ਆਤਮਕ ਮੌਤ ਸਹੇੜ ਲੈਂਦੇ ਹਨ, ਉਹ ਕਦੇ ਭੀ ਸੰਸਾਰ-ਸਮੁੰਦਰ ਤੋਂ ਪਾਰ ਨਹੀਂ ਲੰਘ ਸਕਦੇ।6।

ਹੇ ਭਾਈ! ਜਿਹੜੇ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਵਿਚ ਰੰਗੇ ਰਹਿੰਦੇ ਹਨ ਉਹ ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਂਦੇ ਹਨ। ਪ੍ਰਭੂ ਨੇ ਆਪ ਹੀ ਉਹਨਾਂ ਨੂੰ ਆਪਣੇ ਨਾਲ ਮਿਲਾ ਲਿਆ ਹੁੰਦਾ ਹੈ। ਗੁਰੂ ਦੇ ਸ਼ਬਦ ਦੀ ਰਾਹੀਂ ਉਹਨਾਂ ਨੇ ਗੁਰੂ ਦੇ ਆਤਮ-ਤਰੰਗ ਨਾਲ ਸਾਂਝ ਪਾ ਲਈ ਹੁੰਦੀ ਹੈ। ਉਹ ਮਨੁੱਖ ਸਦਾ-ਥਿਰ ਪ੍ਰਭੂ ਵਿਚ ਸੁਰਤਿ ਜੋੜੀ ਰੱਖਦੇ ਹਨ।7।

ਹੇ ਪ੍ਰਭੂ! ਤੂੰ ਆਪ ਪਵਿੱਤਰ ਸਰੂਪ ਹੈਂ। ਤੇਰੇ ਸੇਵਕ ਗੁਰੂ ਦੇ ਸ਼ਬਦ ਦੀ ਰਾਹੀਂ (ਤੇਰੇ ਗੁਣਾਂ ਦਾ) ਵਿਚਾਰ ਕਰ ਕੇ ਪਵਿੱਤਰ ਜੀਵਨ ਵਾਲੇ ਹੋ ਜਾਂਦੇ ਹਨ। ਹੇ ਭਾਈ! ਨਾਨਕ ਉਹਨਾਂ ਮਨੁੱਖਾਂ ਤੋਂ ਸਦਾ ਸਦਕੇ ਜਾਂਦਾ ਹੈ, ਜਿਹੜੇ ਪਰਮਾਤਮਾ ਦਾ ਨਾਮ (ਆਪਣੇ) ਹਿਰਦੇ ਵਿਚ ਵਸਾਈ ਰੱਖਦੇ ਹਨ।8।2।3।